# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 6/232-2005 ਅਮਲਾ-2 (1)/ ਕੋ:ਸੈਲ(3)
ਮਿਤੀ, ਐਸ.ਏ.ਐਸ.ਨਗਰ :-16-01-2015

ਸ੍ਰੀਮਤੀ ਪ੍ਰੇਮ ਪਾਲ ਕੌਰ, ਮੈਥ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁੱਲਰ, ਜਿਲਾ ਲੁਧਿਆਣਾ ਨੂੰ ਮਿਤੀ 01.01.1997 ਤੋਂ ਲਗਾਤਾਰ ਆਪਣੀ ਡਿਊਟੀ ਤੋਂ ਗੈਰ ਹਾਜਰ ਰਹਿਣ ਕਾਰਨ ਇਸ ਦਫਤਰ ਦੇ ਹੁਕਮ ਨੰ: 06/232-2005 ਅਮਲਾ-2(1) ਮਿਤੀ 23.05.2006 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਤੇ ਅਪੀਲ) ਨਿਯਮਾਂਵਲੀ 1970 ਦੇ ਰੂਲ 5 ਦੀ ਧਾਰਾ v ਤੋਂ ix ਦੇ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਪ੍ਰੇਮ ਪਾਲ ਕੌਰ, ਮੈਥ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁੱਲਰ, ਜਿਲਾ ਲੁਧਿਆਣਾ ਵੱਲੋ ਦੋਸ਼ ਸੂਚੀ ਦਾ ਕੋਈ ਉਤਰ ਨਹੀਂ ਦਿੱਤਾ ਗਿਆ। ਉਸ ਵਿਰੁੱਧ ਲੱਗੇ ਦੋਸ਼ਾਂ ਦੀ ਸਚਾਈ ਜਾਨਣ ਲਈ ਸ੍ਰੀਮਤੀ ਸਨੇਹ ਲੱਤਾ, ਸੀਨੀਅਰ ਲੈਕਚਰਾਰ, ਸਰਕਾਰੀ ਇਨ ਸਰਵਿਸ ਟ੍ਰੇਨਿੰਗ ਸੈਂਟਰ, ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ । ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਪੱਤਰ ਨੰ: ਲੇਖਾ-1/2011-111 ਮਿਤੀ 26.07.2011 ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 01.01.1997 ਤੋ ਲਗਾਤਾਰ ਆਪਣੀ ਡਿਊਟੀ ਤੋ ਅਣ ਅਧਿਕਾਰਤ ਤੌਰ ਤੇ ਗੈਰ ਹਾਜਰ ਹੋਣ ਦਾ ਦੋਸ਼ ਸਿੱਧ ਕੀਤਾ ਗਿਆ।

ਸ਼੍ਰੀਮਤੀ ਪ੍ਰੇਮ ਪਾਲ ਕੌਰ, ਮੈਥ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁੱਲਰ, ਜਿਲਾ ਲੁਧਿਆਣਾ ਨੂੰ ਪੜਤਾਲ ਰਿਪੋਰਟ ਦੀ ਕਾਪੀ ਦਫਤਰ ਦੇ ਮੀਮੋ ਨੰ:06/232-2005 ਅ-2(1) ਮਿਤੀ 13-09-2011 ਰਾਹੀਂ ਭੇਜਕੇ 15 ਦਿਨਾਂ ਦੇ ਅੰਦਰ ਆਪਣਾ ਪੱਖ ਲਿਖਤੀ/ ਨਿੱਜੀ ਤੌਰ ਤੇ ਪੇਸ਼ ਕਰਨ ਦਾ ਸਮਾਂ ਦਿੱਤਾ ਗਿਆ ਸੀ। ਇਸ ਪੱਤਰ ਦੇ ਜਵਾਬ ਵਿੱਚ ਕਰਮਚਾਰਨ ਵੱਲੋਂ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਨਿੱਜੀ ਤੌਰ ਤੇ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕੀਤਾ।

ਇਸ ਦਫਤਰ ਵਲੋਂ ਡਿਊਟੀ ਤੋਂ ਲਗਾਤਾਰ ਵੱਖ-ਵੱਖ ਮਿਤੀਆਂ ਤੋਂ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਵਾਲੇ ਮਾਸਟਰ/ਮਿਸਟ੍ਰੈਸਾਂ ਸਬੰਧੀ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਇਕ ਸਾਂਝਾ ਇਸ਼ਤਿਹਾਰ ਅਖਬਾਰ ਵਿੱਚ ਦਿੱਤਾ ਗਿਆ ਜਿਸ ਵਿਚ ਲੜੀ ਨੰ:4 ਤੇ ਇਸ ਕਰਮਚਾਰਨ ਦਾ ਨਾਂ ਵੀ ਸ਼ਾਮਲ ਸੀ। ਇਹ ਇਸ਼ਤਿਹਾਰ ਮਿਤੀ 31-08-14 ਨੂੰ ਪ੍ਰਕਾਸ਼ਿਤ ਹੋਇਆ ਜਿਸ ਰਾਹੀਂ ਸ੍ਰੀਮਤੀ ਪ੍ਰੇਮ ਪਾਲ ਕੌਰ, ਮੈਥ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁੱਲਰ, ਜਿਲਾ ਲੁਧਿਆਣਾ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਕੋਲ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਵੱਲੋਂ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ। ਕਰਮਚਾਰਨ ਦੀ ਗੈਰ-ਹਾਜ਼ਰੀ ਦੌਰਾਨ ਹੀ ਉਸ ਦੀ ਰਿਟਾਇਰਮੈਂਟ (ਮਿਤੀ 31-08-2014) ਲੰਘ ਚੁੱਕੀ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ ਉਪਰੋਕਤ ਦਰਸਾਏ ਤੱਥਾਂ ਦੇ ਸਨਮੁੱਖ ਸ੍ਰੀਮਤੀ ਪ੍ਰੇਮ ਪਾਲ ਕੌਰ, ਮੈਥ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁਲਰ, ਜਿਲਾ ਲੁਧਿਆਣਾ ਜੋ ਮਿਤੀ 01-01-1997 ਤੋਂ ਲਗਾਤਾਰ ਅਣ ਅਧਿਕਾਰਤ ਤੌਰ ਤੇ ਆਪਣੀ ਡਿਊਟੀ ਤੋਂ ਲਗਾਤਾਰ ਗੈਰ-ਹਾਜ਼ਰ ਚਲਦੀ ਰਹੀ ਹੈ, ਦੀਆ ਸੇਵਾਵਾਂ ਪੰਜਾਬ ਸਿਵਲ ਸਰਵਿਸਜ਼ ਵਾਲਿਯੂਮ 2 ਦੇ ਨਿਯਮ 3.17 ਅਧੀਨ ਫਾਰਫਿਟ (forfeit) ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 1976-81 ਮਿਤੀ, ਐਸ.ਏ.ਐਸ.ਨਗਰ : 5/2/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲੱਬਧ ਕਰਵਾਈ ਜਾਵੇ।
3. (ਰਜਿਸਟਰਡ) ਮੁੱਖ ਅਧਿਆਪਕ, ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁਲਰ ਜਿਲਾ ਲੁਧਿਆਣਾ ਨੂੰ ਸਬੰਧਤ ਕਰਮਚਾਰਨ ਦੀ ਸੇਵਾਪੱਤਰੀ (ਅਸਲ) ਭੇਜਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਪ੍ਰੇਮਪਾਲ ਕੌਰ, ਮੈਥ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਰਾਮਗੜ੍ਹ ਭੁੱਲਰ, ਜਿਲਾ ਲੁਧਿਆਣਾ।

ਨੱਥੀ: ਸੇਵਾਪੱਤਰੀ (ਅਸਲ)

4/2/15
ਸੁਪਰਡੈਂਟ ਕੋਆਰਡੀਨੇਸ਼ਨ ਸੈਲ